ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਕਰੀਬ 10 ਕਰੋੜ ਰੁਪਏ ਦੀ ਲਾਗਤ ਨਾਲ ਕੀਤੀ ਜਾ ਰਹੀ ਹੈ ਸਰਹਿੰਦ-ਪਟਿਆਲਾ ਸੜਕ ਦੀ ਵਿਸ਼ੇਸ਼ ਮੁਰੰਮਤ

ਵਿਧਾਇਕ ਕੁਲਜੀਤ ਸਿੰਘ ਨਾਗਰਾ ਨੇ ਸਰਹਿੰਦ-ਪਟਿਆਲਾ ਸੜਕ ਦੀ ਵਿਸ਼ੇਸ਼ ਮੁਰੰਮਤ ਦਾ ਲਿਆ ਜਾਇਜ਼ਾ

ਮੁਰੰਮਤ ਦੇ ਕਾਰਜ ਦੌਰਾਨ ਕੋਰੋਨਾ ਤੋਂ ਬਚਾਅ ਸਬੰਧੀ ਵਰਤੀਆਂ ਜਾ ਰਹੀਆਂ ਨੇ ਸਾਵਧਾਨੀਆਂ

ਫ਼ਤਹਿਗੜ੍ਹ ਸਾਹਿਬ, 25 ਮਈ
ਪੰਜਾਬ ਸਰਕਾਰ ਜਿੱਥੇ ਕੋਰੋਨਾ ਖ਼ਿਲਾਫ਼ ਜੰਗ ਲੜ ਰਹੀ ਹੈ ਉਥੇ ਵਿਕਾਸ ਦੇ ਕਾਰਜ ਵੀ ਨਾਲੋ ਨਾਲ ਜਾਰੀ ਹਨ ਤੇ ਇਨ੍ਹਾਂ ਵਿਕਾਸ ਕਾਰਜਾਂ ਦੌਰਾਨ ਕੋਰੋਨਾ ਤੋਂ ਬਚਾਅ ਸਬੰਧੀ ਸਾਰੀਆਂ ਸਾਵਧਾਨੀਆਂ ਵਰਤੀਆਂ ਜਾ ਰਹੀਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ ਨੇ ਕਰੀਬ 10 ਕਰੋੜ ਰੁਪਏ ਦੀ ਲਾਗਤ ਨਾਲ 21 ਕਿਲੋਮੀਟਰ ਸਰਹਿੰਦ-ਪਟਿਆਲਾ ਸੜਕ ਦੀ ਕੀਤੀ ਜਾ ਰਹੀ ਵਿਸ਼ੇਸ਼ ਮੁਰੰਮਤ ਤੇ ਪ੍ਰੀਮਿਕਸ ਪਾਉਣ ਦੇ ਕੰਮ ਦਾ ਜਾਇਜ਼ਾ ਲੈਣ ਮੌਕੇ ਕੀਤਾ।

ਸ. ਨਾਗਰਾ ਨੇ ਕਿਹਾ ਕਿ ਇਸ ਸੜਕ ਦੀ ਵਿਸ਼ੇਸ਼ ਮੁਰੰਮਤ ਨਾਲ ਲੋਕਾਂ ਤੋਂ ਆਵਾਜਾਈ ਸਬੰਧੀ ਦਿੱਕਤਾਂ ਤੋਂ ਨਿਜਾਤ ਮਿਲੇਗੀ।ਉਨ੍ਹਾਂ ਕਿਹਾ ਕਿ ਵੱਖ ਵੱਖ ਜ਼ਿਲ੍ਹਿਆਂ ਦੇ ਲੋਕਾਂ ਵੱਲੋਂ ਰਾਜਧਾਨੀ ਚੰਡੀਗੜ੍ਹ ਜਾਣ ਲਈ ਇਸ ਸੜਕ ਦੀ ਵਰਤੋਂ ਕੀਤੀ ਜਾਂਦੀ ਹੈ ਤੇ ਹੁਣ ਉਹ ਆਪਣੀ ਮੰਜ਼ਿਲ 'ਤੇ ਜਲਦ ਪਹੁੰਚ ਸਕਿਆ ਕਰਨਗੇ।

ਹਲਕਾ ਵਿਧਾਇਕ ਨੇ ਕਿਹਾ ਕਿ ਇਸ ਸੜਕ ਦੀ ਵਿਸ਼ੇਸ਼ ਮੁਰੰਮਤ ਦੌਰਾਨ ਸਮਾਜਕ ਵਿੱਥ ਤੇ ਮਾਸਕ ਪਾਉਣ ਸਮੇਤ ਕੋਰੋਨਾ ਤੋਂ ਬਚਾਅ ਸਬੰਧੀ ਵੱਖ ਵੱਖ ਸਾਵਧਾਨੀਆਂ ਦੀ ਵਰਤੋਂ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸੜਕ ਦੇ ਨਾਲ ਨਾਲ ਹੋਰਨਾਂ ਸੜਕਾਂ ਦੀ ਵਿਸ਼ੇਸ਼ ਮੁਰੰਮਤ ਦੇ ਨਾਲ ਨਾਲ ਵੱਖ ਵੱਖ ਵਿਕਾਸ ਕਾਰਜ ਜਾਰੀ ਹਨ। ਉਨ੍ਹਾਂ ਨੇ ਲੌਕਡਾਊਨ ਦੌਰਾਨ ਸੜਕਾਂ ਸਬੰਧੀ ਕੰਮ ਨੂੰ ਸੁਚੱਜੇ ਢੰਗ ਨਾਲ ਜਾਰੀ ਰੱਖਣ ਲਈ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਦੀ ਸ਼ਲਾਘਾ ਵੀ ਕੀਤੀ। ਇਸ ਮੌਕੇ ਐਸ.ਡੀ.ਓ. ਸੁਰੇਸ਼ ਕੁਮਾਰ, ਜੇ.ਈ. ਤੇਜਪਾਲ ਸਿੰਘ ਤੇ ਹਰਵਿੰਦਰ ਸਿੰਘ ਹਾਜ਼ਰ ਸਨ।

ਕੈਪਸ਼ਨ: ਵਿਧਾਇਕ ਕੁਲਜੀਤ ਸਿੰਘ ਨਾਗਰਾ ਸਰਹਿੰਦ-ਪਟਿਆਲਾ ਸੜਕ ਦੀ ਵਿਸ਼ੇਸ਼ ਰਿਪੇਅਰ ਦਾ ਜਾਇਜ਼ਾ ਲੈਂਦੇ ਹੋਏ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਮੰਡੀ ਗੋਬਿੰਗੜ੍ਹ ਵਿਖੇ ਮਜ਼ਦੂਰਾਂ ਦੀ ਕੁੱਟਮਾਰ ਸਬੰਧੀ ਫੈਲਾਈ ਗਈ ਅਫਵਾਹ: ਅਮਨੀਤ ਕੌਂਡਲ

ਸੋਸ਼ਲ ਮੀਡੀਆ 'ਤੇ ਗੁਮਰਾਹ ਕਰਨ ਵਾਲੀ ਜਾਣਕਾਰੀ ਸਾਂਝੀ ਕਰਨ ਵਾਲਿਆਂ ਖ਼ਿਲਾਫ਼ ਕੀਤੀ ਜਾ ਰਹੀ ਹੈ ਕਾਰਵਾਈ

ਐਸ.ਡੀ.ਐਮ. ਤੇ ਡੀ.ਐਸ.ਪੀ. ਅਮਲੋਹ ਵਿਸ਼ੇਸ਼ ਬੱਸਾਂ ਰਾਹੀਂ ਕਰੀਬ 300 ਪਰਵਾਸੀਆਂ ਨੂੰ ਅੰਬਾਲਾ ਰੇਲਵੇ ਸਟੇਸ਼ਨ ਲੈ ਕੇ ਗਏ

ਫ਼ਤਹਿਗੜ੍ਹ ਸਾਹਿਬ, 25 ਮਈ

ਜ਼ਿਲ੍ਹਾ ਪੁਲੀਸ ਮੁਖੀ ਸ੍ਰੀਮਤੀ ਅਮਨੀਤ ਕੌਂਡਲ ਨੇ ਕਿਹਾ ਕਿ ਪਰਵਾਸੀ ਮਜ਼ਦੂਰਾਂ ਸਮੇਤ ਦੇਸ਼ ਦੇ ਵੱਖ ਵੱਖ ਸੂਬਿਆਂ ਨਾਲ ਸਬੰਧਤ ਵੱਖ ਵੱਖ ਲੋਕਾਂ ਨੂੰ ਤੈਅ ਪ੍ਰਕਿਰਿਆ ਤਹਿਤ ਰੇਲ ਗੱਡੀਆਂ ਜਾਂ ਬੱਸਾਂ ਰਾਹੀਂ ਉਨ੍ਹਾਂ ਦੇ ਜੱਦੀ ਸੂਬਿਆਂ ਨੂੰ ਭੇਜਿਆ ਜਾ ਰਿਹਾ ਹੈ। ਪਰ ਕੁੱਝ ਲੋਕ ਇਸ ਸਬੰਧੀ ਅਫਵਾਹਾਂ ਫੈਲਾ ਕੇ ਲੋਕਾਂ ਨੂੰ ਗੁਮਰਾਹ ਕਰਦੇ ਹਨ ਤੇ ਅੱਜ ਕਿਸੇ ਸ਼ਰਾਰਤੀ ਅਨਸਰ ਨੇ ਅਫਵਾਹ ਫੈਲਾ ਦਿੱਤੀ ਕਿ ਖਾਲਸਾ ਸਕੂਲ, ਮੰਡੀ ਗੋਬਿੰਦਗੜ੍ਹ ਤੋਂ ਬਿਹਾਰ ਲਈ ਬੱਸਾਂ ਜਾ ਰਹੀਆਂ ਹਨ, ਜਿਸ ਕਰ ਕੇ ਅੱਜ ਸਵੇਰੇ ਕਾਫੀ ਗਿਣਤੀ ਵਿੱਚ ਪਰਵਾਸੀ ਮਜ਼ਦੂਰ ਖਾਲਸਾ ਸਕੂਲ, ਮੰਡੀ ਗੋਬਿੰਦਗੜ੍ਹ ਦੇ ਮੈਦਾਨ ਵਿੱਚ ਇੱਕਠੇ ਹੋ ਗਏ, ਜਦੋਂ ਪੁਲਿਸ ਪਾਰਟੀ ਨੇ ਉਨ੍ਹਾਂ ਨੂੰ ਦੱਸਿਆ ਕਿ ਉਨ੍ਹਾਂ ਦੇ ਸੂਬਿਆਂ ਲਈ ਇੱਥੋਂ ਕੋਈ ਬੱਸ ਜਾਂ ਰੇਲ ਗੱਡੀ ਨਹੀਂ ਜਾਣੀ ਤਾਂ ਪਰਵਾਸੀ ਮਜ਼ਦੂਰਾਂ ਨੇ ਉਥੇ ਨਾਅਰੇਬਾਜ਼ੀ ਕੀਤੀ, ਜਿਨ੍ਹਾਂ ਨੂੰ ਥਾਣਾ ਗੋਬਿੰਦਗੜ੍ਹ ਦੇ ਮੁੱਖ ਅਫ਼ਸਰ ਇੰਸ: ਮਹਿੰਦਰ ਸਿੰਘ ਨੇ ਸ਼ਾਂਤ ਕੀਤਾ। ਇਸ ਦੌਰਾਨ ਕੁਝ ਸ਼ਰਾਰਤੀ ਲੋਕਾਂ ਨੇ ਸ਼ਰਾਰਤ ਕਰਨ ਦੀ ਵੀ ਕੋਸ਼ਿਸ਼ ਕੀਤੀ, ਪਰ ਪੁਲਿਸ ਨੇ ਉਨ੍ਹਾਂ ਨੂੰ ਸਫ਼ਲ ਨਹੀਂ ਹੋਣ ਦਿੱਤਾ।

ਜ਼ਿਲ੍ਹਾ ਪੁਲੀਸ ਮੁਖੀ ਨੇ ਕਿਹਾ ਕਿ ਇਸ ਸਬੰਧੀ ਸੋਸ਼ਲ ਮੀਡੀਏ 'ਤੇ ਗੁਮਰਾਹ ਕਰਨ ਵਾਲੀ ਜਾਣਕਾਰੀ ਸਾਂਝੀ ਕੀਤੀ ਗਈ ਹੈ ਕਿ ਮਜ਼ਦੂਰਾਂ ਨੂੰ ਕੁੱਟਿਆ ਗਿਆ, ਪੁਲਿਸ ਵਾਹਨਾਂ ਦੀ ਭੰਨਤੋੜ ਹੋਈ ਤੇ ਮਜ਼ਦੂਰਾਂ ਤੇ ਮੁਲਾਜ਼ਮਾਂ ਦੇ ਸੱਟਾਂ ਲੱਗੀਆਂ। ਜਦੋਂ ਕਿ ਅਜਿਹਾ ਕੁਝ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਸੋਸ਼ਲ ਮੀਡੀਆ ਉਤੇ ਗੁਮਰਾਹ ਕਰਨ ਵਾਲੀ ਜਾਣਕਾਰੀ ਸਾਂਝੀ ਕਰਨ ਵਾਲਿਆਂ ਖਿਲਾਫ ਕਾਨੂੰਨ ਮੁਤਾਬਕ ਕਾਰਵਾਈ ਕੀਤੀ ਜਾ ਰਹੀ ਹੈ ਤੇ ਗੁਮਰਾਹ ਕਰਨ ਵਾਲੀ ਜਾਣਕਾਰੀ ਸੋਸ਼ਲ ਮੀਡੀਆ 'ਤੇ ਪਾਉਣ ਸਬੰਧੀ ਪਹਿਲਾਂ ਵੀ ਕਈ ਕੇਸ ਦਰਜ ਕਰ ਕੇ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ।

ਇਸ ਸਬੰਧੀ ਹੋਰ ਗੱਲਬਾਤ ਕਰਦਿਆਂ ਐਸ.ਡੀ.ਐਮ. ਅਮਲੋਹ ਆਨੰਦ ਸਾਗਰ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਡੀ.ਐਸ.ਪੀ. ਸੁਖਵਿੰਦਰ ਸਿੰਘ ਦੇ ਸਹਿਯੋਗ ਨਾਲ ਮੌਕੇ ਉਤੇ ਹੀ ਬੱਸਾਂ ਦਾ ਪ੍ਰਬੰਧ ਕਰ ਕੇ 300 ਦੇ ਕਰੀਬ ਪਰਵਾਸੀ ਮਜ਼ਦੂਰਾਂ ਨੂੰ ਬਾਅਦ ਦੁਪਹਿਰ ਵਿਸ਼ੇਸ਼ ਵਾਹਨਾਂ ਰਾਹੀਂ ਅੰਬਾਲਾ ਰੇਲਵੇ ਸਟੇਸ਼ਨ ਪੁਚਾਇਆ ਗਿਆ, ਜਿੱਥੋਂ ਇਹ ਮਜ਼ਦੂਰ ਬਿਹਾਰ ਜਾਣਗੇ।

ਕੈਪਸ਼ਨ: ਜ਼ਿਲ੍ਹਾ ਪੁਲੀਸ ਮੁਖੀ ਸ੍ਰੀਮਤੀ ਅਮਨੀਤ ਕੌਂਡਲ ਮਾਮਲੇ ਸਬੰਧੀ ਜਾਣਕਾਰੀ ਦਿੰਦੇ ਹੋਏ।

ਕੈਪਸ਼ਨ: ਮਜ਼ਦੂਰਾਂ ਨੂੰ ਵਿਸ਼ੇਸ਼ ਬੱਸਾਂ ਰਾਹੀਂ ਨਾਲ ਲੈ ਕੇ ਅੰਬਾਲਾ ਪੁੱਜੇ ਐਸ.ਡੀ.ਐਮ. ਅਮਲੋਹ ਆਨੰਦ ਸਾਗਰ ਸ਼ਰਮਾ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹੇ 'ਚ ਪ੍ਰਧਾਨ ਮੰਤਰੀ ਗਰੀਬ ਕਲਿਆਣ ਯੋਜਨਾ ਤਹਿਤ ਵੰਡੀ ਜਾ ਰਹੀ ਹੈ ਮੁਫਤ ਕਣਕ ਤੇ ਦਾਲ

ਹੁਣ ਤੱਕ ਵੰਡੀ ਜਾ ਚੁੱਕੀ ਹੈ 37,400 ਕੁਇੰਟਲ ਕਣਕ ਤੇ 1,850 ਕੁਇੰਟਲ ਦਾਲ

78,543 ਲਾਭਪਾਤਰੀਆਂ ਨੂੰ ਵੰਡੀ ਜਾ ਰਹੀ ਹੈ ਕਣਕ ਤੇ ਦਾਲ

ਫ਼ਤਹਿਗੜ੍ਹ ਸਾਹਿਬ, 25 ਮਈ :

ਜ਼ਿਲ੍ਹੇ ਵਿੱਚ ਪ੍ਰਧਾਨ ਮੰਤਰੀ ਗਰੀਬ ਕਲਿਆਣ ਯੋਜਨਾ ਤਹਿਤ ਕਣਕ ਤੇ ਦਾਲ ਮੁਫਤ ਵੰਡੀ ਜਾ ਰਹੀ ਹੈ। ਇਸ ਗੱਲ ਦੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਡਾ. ਰਵਿੰਦਰ ਕੌਰ ਨੇ ਦੱਸਿਆ ਕਿ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਇਸ ਯੋਜਨਾ ਸਬੰਧੀ 78,543 ਲਾਭਪਾਤਰੀ ਹਨ I ਵਿਧਾਇਕ ਕੁਲਜੀਤ ਸਿੰਘ ਨਾਗਰਾ, ਗੁਰਪ੍ਰੀਤ ਸਿੰਘ ਜੀ.ਪੀ. ਤੇ ਰਣਦੀਪ ਸਿੰਘ ਨਾਭਾ ਦੀ ਅਗਵਾਈ ਹੇਠ ਹੁਣ 37,400 ਕੁਇੰਟਲ ਕਣਕ ਤੇ 1,850 ਦਾਲ ਵੰਡੀ ਜਾ ਚੁੱਕੀ ਹੈ ਅਤੇ ਰਹਿੰਦੇ ਪਰਿਵਾਰਾਂ ਨੂੰ ਵੀ ਛੇਤੀ ਹੀ ਇਹ ਕਣਕ ਤੇ ਦਾਲ ਵੰਡ ਦਿੱਤੀ ਜਾਵੇਗੀ।

ਡਾ. ਰਵਿੰਦਰ ਕੌਰ ਨੇ ਦੱਸਿਆ ਕਿ ਇਸ ਯੋਜਨਾ ਅਧੀਨ ਲਾਭਪਾਤਰੀ ਪਰਿਵਾਰਾਂ ਨੂੰ ਤਿੰਨ ਮਹੀਨੇ ਅਪ੍ਰੈਲ, ਮਈ ਤੇ ਜੂਨ ਲਈ ਤਿੰਨ ਕਿਲੋ ਦਾਲ ਪ੍ਰਤੀ ਪਰਿਵਾਰ ਅਤੇ 15 ਕਿਲੋ ਕਣਕ ਪ੍ਰਤੀ ਮੈਂਬਰ ਦੇ ਹਿਸਾਬ ਨਾਲ ਵੰਡੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਕਣਕ ਤੇ ਦਾਲ ਦੀ ਵੰਡ ਸਮੇਂ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸਮਾਜਿਕ ਦੂਰੀ ਦੇ ਨਾਲ ਨਾਲ ਸਾਰੀਆਂ ਸਾਵਧਾਨੀਆਂ ਦਾ ਵਿਸ਼ੇਸ਼ ਧਿਆਨ ਰੱਖਿਆ ਜਾ ਰਿਹਾ ਹੈ ਅਤੇ ਲੋਕਾਂ ਦੇ ਹੱਥ ਵੀ ਸੈਨੀਟਾਈਜ਼ ਕਰਵਾਏ ਜਾਂਦੇ ਹਨ।

ਡਾ. ਰਵਿੰਦਰ ਕੌਰ ਨੇ ਦੱਸਿਆ ਕਿ ਲਾਕਡਾਊਨ ਦੀ ਘੜੀ ਵਿੱਚ ਲੋਕਾਂ ਨੂੰ ਇਸ ਦਾ ਕਾਫੀ ਫਾਇਦਾ ਪਹੁੰਚ ਰਿਹਾ ਹੈ I ਲੋਕਾਂ ਵੱਲੋਂ ਪੰਜਾਬ ਸਰਕਾਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਜਾ ਰਿਹਾ ਹੈ, ਜਿਸ ਦੇ ਉਪਰਾਲੇ ਸਦਕਾ ਲੋਕਾਂ ਨੂੰ ਕੋਰੋਨਾ ਵਾਇਰਸ ਕਾਰਨ ਪੈਦਾ ਹੋਈ ਸਥਿਤੀ ਦੌਰਾਨ ਵੀ ਲੋੜਵੰਦਾਂ ਨੂੰ ਖੁਰਾਕ ਪਦਾਰਥ ਮੁਫਤ ਮੁਹੱਈਆ ਕਰਵਾਏ ਜਾ ਰਹੇ ਹਨ।

ਕੈਪਸ਼ਨ: ਸਰਹਿੰਦ ਵਿਖੇ ਕਣਕ ਤੇ ਦਾਲ ਵੰਡੇ ਜਾਣ ਦਾ ਦ੍ਰਿਸ਼।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਮਿਸ਼ਨ ਤੰਦਰੁਸਤ ਪੰਜਾਬ: ਪਿੰਡਾਂ ਵਿਚਲੇ ਟੋਭਿਆਂ ਦੀ ਸਫ਼ਾਈ ਜ਼ੋਰਾਂ 'ਤੇ

ਮਿਸ਼ਨ ਡਾਇਰੈਕਟਰ ਵੱਲੋਂ ਟੋਭਿਆਂ ਦੀ ਸਫ਼ਾਈ ਦਾ ਜਾਇਜ਼ਾ

ਕਾਹਨ ਸਿੰਘ ਪੰਨੂ ਵੱਲੋਂ ਜ਼ਿਲ੍ਹੇ ਦੇ ਵੱਖ ਵੱਖ ਪਿੰਡਾਂ ਦਾ ਦੌਰਾ

ਫ਼ਤਹਿਗੜ੍ਹ ਸਾਹਿਬ, 25 ਮਈ

ਪੰਜਾਬ ਸਰਕਾਰ ਦੇ ਮਿਸ਼ਨ ਤੰਦਰੁਸਤ ਪੰਜਾਬ ਤਹਿਤ ਸੂਬੇ ਦੇ ਪਿੰਡਾਂ ਵਿਚਲੇ ਕਰੀਬ 14,500 ਟੋਭਿਆਂ ਨੂੰ ਖਾਲੀ ਕਰ ਕੇ ਗਾਰ ਕੱਢ ਕੇ ਸਫਾਈ ਕੀਤੇ ਜਾਣ ਦੀ ਮੁਹਿੰਮ ਜ਼ੋਰਾਂ 'ਤੇ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮਿਸ਼ਨ ਤੰਦਰੁਸਤ ਪੰਜਾਬ ਦੇ ਡਾਇਰੈਕਟਰ ਅਤੇ ਸਕੱਤਰ, ਖੇਤੀਬਾੜੀ ਕਾਹਨ ਸਿੰਘ ਪੰਨੂ ਨੇ ਟੋਭਿਆਂ ਦੀ ਸਫ਼ਾਈ ਦਾ ਜਾਇਜ਼ਾ ਲੈਣ ਲਈ ਜ਼ਿਲ੍ਹੇ ਦੇ ਵੱਖ ਵੱਖ ਪਿੰਡਾਂ ਝਾਮਪੁਰ, ਭੈਣੀ ਕਲਾਂ, ਹਿੰਦੂਪੁਰ ਅਤੇ ਈਸਰਹੇਲ ਦਾ ਦੌਰਾ ਕਰਦਿਆਂ ਕੀਤਾ ਤੇ ਉਨ੍ਹਾਂ ਨੇ ਇਸ ਮੌਕੇ ਇਸ ਮੁਹਿੰਮ ਤਹਿਤ ਟੋਭਿਆਂ ਦੀ ਸਫਾਈ ਤੇ ਇਨ੍ਹਾਂ ਦੇ ਆਲੇ ਦੁਆਲੇ ਦੇ ਸੁੰਦਰੀਕਰਨ ਪ੍ਰਤੀ ਪਿੰਡਾਂ ਦੀਆਂ ਪੰਚਾਇਤਾਂ ਤੇ ਸਰਪੰਚਾਂ ਵੱਲੋਂ ਦਿਖਾਏ ਜਾ ਰਹੇ ਉਤਸ਼ਾਹ ਲਈ ਉਨ੍ਹਾਂ ਦੀ ਸ਼ਲਾਘਾ ਕੀਤੀ।ਪਿੰਡਾਂ ਦੀ ਸਫਾਈ ਨੂੰ ਬਿਹਤਰ ਬਨਾਉਣ ਲਈ ਮਗਨਰੇਗਾ ਤਹਿਤ ਪਿੰਡਾਂ ਦੀ ਲੇਬਰ ਨੂੰ ਲਾਇਆ ਗਿਆ।

ਇਸ ਮੌਕੇ ਸ. ਪੰਨੂ ਨੇ ਕਿਹਾ ਕਿ ਟੋਭਿਆਂ ਦੀ ਸਫ਼ਾਈ ਦੀ ਪ੍ਰਕਿਰਿਆ ਪਿੰਡਾਂ ਦੀ ਸਾਫ ਸਫਾਈ ਬਿਹਤਰ ਬਨਾਉਣ ਦੇ ਨਾਲ ਨਾਲ ਇਕ ਖਾਸ ਮਕਸਦ ਲਈ ਸਾਂਝੀ ਭਾਈਚਾਰਕ ਲਹਿਰ ਵੀ ਹੈ ਕਿਉਂਕਿ ਪਿੰਡਾਂ ਦੇ ਟੋਭੇ, ਜੋ ਕਦੇ ਪਿੰਡਾਂ ਦੀ ਸੱਭਿਅਤਾ ਦੇ ਕੇਂਦਰ ਸਨ, ਅੱਜ ਦੇ ਦੌਰ ਵਿੱਚ ਪਲੀਤ ਹੋ ਚੁੱਕੇ ਹਨ। ਮਿਸ਼ਨ ਡਾਇਰੈਕਟਰ ਨੇ ਇਨ੍ਹਾਂ ਕਾਰਜਾਂ ਸਬੰਧੀ ਪੇਂਡੂ ਵਿਕਾਸ ਵਿਭਾਗ ਦੇ ਅਧਿਕਾਰੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਇਹ ਕੰਮ ਬਰਸਾਤਾਂ ਤੋਂ ਪਹਿਲਾਂ ਪਹਿਲਾਂ ਪੂਰਾ ਕਰਨ ਲਈ ਕਿਹਾ ਤਾਂ ਜੋ ਸਾਫ਼ ਕੀਤੇ ਟੋਭੇ ਪਾਣੀ ਦੀ ਰੀਚਾਰਜਿੰਗ ਦੇ ਸਾਧਨ ਬਣ ਸਕਣ।

ਕੈਪਸ਼ਨ: ਮਿਸ਼ਨ ਤੰਦਰੁਸਤ ਪੰਜਾਬ ਦੇ ਡਾਇਰੈਕਟਰ ਅਤੇ ਸਕੱਤਰ, ਖੇਤੀਬਾੜੀ  ਕਾਹਨ ਸਿੰਘ ਪੰਨੂ ਨੇ ਟੋਭਿਆਂ ਦੀ ਸਫ਼ਾਈ ਦਾ ਜਾਇਜ਼ਾ ਲੈਂਦੇ ਹੋਏ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹੇ 'ਚ ਖਰੀਦੀ ਗਈ ਕਣਕ ਦੀ ਅਦਾਇਗੀ ਵਜੋ

ਕਿਸਾਨਾਂ ਨੂੰ ਜਾਰੀ ਕੀਤੇ 413 ਕਰੋੜ ਰੁਪਏ

ਹੁਣ ਤਕ 02 ਲੱਖ 21 ਹਜ਼ਾਰ 285 ਮੀਟਰਿਕ ਟਨ ਕਣਕ ਦੀ ਹੋਈ ਆਮਦ

02 ਲੱਖ 20 ਹਜ਼ਾਰ 352 ਮੀਟਰਿਕ ਟਨ ਕਣਕ ਦੀ ਖਰੀਦ

02 ਲੱਖ 07 ਹਜ਼ਾਰ 602 ਮੀਟਰਕ ਟਨ ਕਣਕ ਦੀ ਲਿਫਟਿੰਗ

ਮੰਡੀਆਂ ਵਿੱਚ ਕਣਕ ਦੀ ਖਰੀਦ ਦੌਰਾਨ ਸਮਾਜਿਕ ਦੂਰੀ ਦਾ ਰੱਖਿਆ ਜਾ ਰਿਹੈ ਵਿਸ਼ੇਸ਼ ਧਿਆਨ

ਫ਼ਤਹਿਗੜ੍ਹ ਸਾਹਿਬ, 25 ਮਈ :

ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਹੁਣ ਤੱਕ 02 ਲੱਖ 21 ਹਜ਼ਾਰ 285 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿੱਚੋਂ ਵੱਖ-ਵੱਖ ਸਰਕਾਰੀ ਖਰੀਦ ਏਜੰਸੀਆਂ ਤੇ ਵਪਾਰੀਆਂ ਵੱਲੋਂ 02 ਲੱਖ 20 ਹਜ਼ਾਰ 352 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਮੰਡੀਆਂ ਵਿੱਚੋਂ ਹੁਣ ਤੱਕ 02 ਲੱਖ 07 ਹਜ਼ਾਰ 602 ਮੀਟਰਕ ਟਨ ਕਣਕ ਦੀ ਲਿਫਟਿੰਗ ਕਰਵਾਈ ਜਾ ਚੁੱਕੀ ਹੈ ਅਤੇ ਖਰੀਦ ਗਈ ਕਣਕ ਦੀ ਅਦਾਇਗੀ ਵਜੋਂ ਕਿਸਾਨਾਂ ਨੂੰ 413 ਕਰੋੜ ਰੁਪਏ ਜਾਰੀ ਕੀਤੇ ਗਏ ਹਨ।

ਸ਼੍ਰੀਮਤੀ ਗਿੱਲ ਨੇ ਦੱਸਿਆ ਕਿ ਖਰੀਦੀ ਗਈ ਕਣਕ ਵਿੱਚੋਂ ਪਨਗ੍ਰੇਨ ਵੱਲੋਂ 44 ਹਜ਼ਾਰ 671 ਮੀਟਰਕ ਟਨ, ਮਾਰਕਫੈਡ ਵੱਲੋਂ 55 ਹਜ਼ਾਰ 700 ਮੀਟਰਕ ਟਨ, ਪਨਸਪ ਵੱਲੋਂ 50 ਹਜ਼ਾਰ 146 ਮੀਟਰਕ ਟਨ, ਵੇਅਰ ਹਾਊਸ ਵੱਲੋਂ 35 ਹਜ਼ਾਰ 85 ਮੀਟਰਕ ਟਨ, ਐਫ.ਸੀ.ਆਈ. ਵੱਲੋਂ 34 ਹਜ਼ਾਰ 562 ਮੀਟਰਕ ਟਨ ਤੇ ਵਪਾਰੀਆਂ ਵੱਲੋਂ 183 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੰਡੀਆਂ ਵਿੱਚ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ

ਅਤੇ ਮੰਡੀਆਂ ਵਿੱਚ ਸਮਾਜਿਕ ਦੂਰੀ ਦਾ ਵਿਸ਼ੇਸ਼ ਧਿਆਨ ਰੱਖਿਆ ਜਾ ਰਿਹਾ ਹੈ।

ਕੈਪਸ਼ਨ: ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ, ਕਣਕ ਦੀ ਖਰੀਦ ਬਾਰੇ ਜਾਣਕਾਰੀ ਦਿੰਦੇ ਹੋਏ।

ReplyForward

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਤਾਮਿਲਨਾਡੂ ਤੋਂ 527 ਵਿਅਕਤੀ ਵਿਸ਼ੇਸ਼ ਰੇਲ ਗੱਡੀ ਰਾਹੀਂ ਸਰਹਿੰਦ ਰੇਲਵੇ ਸਟੇਸ਼ਨ ਪੁੱਜੇ

ਤੈਅ ਪ੍ਰਕਿਰਿਆ ਮੁਕੰਮਲ ਹੋਣ ਉਪਰੰਤ ਯਾਤਰੀ ਚੰਡੀਗੜ੍ਹ ਅਤੇ ਪੰਜਾਬ ਦੇ ਸਬੰਧਤ ਜ਼ਿਲ੍ਹਿਆਂ ਨੂੰ ਭੇਜੇ

ਯਾਤਰੀਆਂ ਵੱਲੋਂ ਪੰਜਾਬ ਸਰਕਾਰ ਦਾ ਧੰਨਵਾਦ

ਫ਼ਤਹਿਗੜ੍ਹ ਸਾਹਿਬ, 25 ਮਈ :

ਕੋਰੋਨਾ ਵਾਇਰਸ ਕਾਰਨ ਪੈਦਾ ਹੋਏ ਹਾਲਾਤ ਕਾਰਨ ਤਾਮਿਲਨਾਡੂ ਵਿੱਚ ਫਸੇ ਪੰਜਾਬ ਵਾਸੀਆਂ ਵਿੱਚੋਂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਅਤੇ ਚੰਡੀਗੜ੍ਹ ਨਾਲ ਸਬੰਧਤ 527 ਵਿਅਕਤੀ ਇਕ ਵਿਸੇਸ਼ ਰੇਲ ਗੱਡੀ ਰਾਹੀਂ ਸਰਹਿੰਦ ਰੇਲਵੇ ਸਟੇਸ਼ਨ ਪੁੱਜੇ, ਜਿੱਥੇ ਤੈਅ ਪ੍ਰਕਿਰਿਆ ਮੁਕੰਮਲ ਹੋਣ ਉਪਰੰਤ ਯਾਤਰੀ ਚੰਡੀਗੜ੍ਹ ਅਤੇ ਸਬੰਧਤ ਜਿਲ੍ਹਿਆਂ ਨੂੰ ਭੇਜੇ ਗਏ। ਇੱਥੇ ਵਰਨਣਯੋਗ ਹੈ ਕਿ ਸਰਹਿੰਦ ਰੇਲਵੇ ਸਟੇਸ਼ਨ ’ਤੇ ਤਾਮਿਲਨਾਡੂ ਤੋਂ ਆਏ 527 ਪੰਜਾਬੀਆਂ ਦਾ ਮੈਡੀਕਲ ਟੀਮਾਂ ਵੱਲੋਂ ਚੈਕਅੱਪ ਕਤਾ ਗਿਆ ਅਤੇ ਉਸ ਉਪਰੰਤ ਵੱਖ-ਵੱਖ ਜ਼ਿਲ੍ਹਿਆਂ ਦੇ ਨੋਡਲ ਅਫਸਰਾਂ ਨਾਲ ਇਹ ਵਿਅਕਤੀ ਅੱਗੇ ਰਵਾਨਾ ਹੋਏ।

ਸਰਹਿੰਦ ਰੇਲਵੇ ਸਟੇਸ਼ਨ ’ਤੇ ਉਤਰੇ ਯਾਤਰੀਆਂ ਨੇ ਉਨ੍ਹਾਂ ਨੂੰ ਵਾਪਸ ਉਨ੍ਹਾਂ ਦੇ ਘਰ ਵਾਪਸ ਲਿਆਉਣ ਲਈ ਪੰਜਾਬ ਸਰਕਾਰ ਦਾ ਵਿਸ਼ੇਸ਼ ਤੌਰ ’ਤੇ ਧੰਨਵਾਦ ਕੀਤਾ।ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਨੇ ਜਿੱਥੇ ਪਰਵਾਸੀਆਂ ਨੂੰ ਆਪਣੇ ਜੱਦੀ ਸੂਬਿਆਂ ਵਿੱਚ ਭੇਜਣ ਲਈ ਵਿਸ਼ੇਸ਼ ਰੇਲ ਗੱਡੀਆਂ ਤੇ ਬੱਸਾਂ ਚਲਾਈਆਂ, ਉਥੇ ਪੰਜਾਬ ਤੋਂ ਬਾਹਰਲੇ ਸੂਬਿਆਂ ਵਿੱਚ ਫਸੇ ਲੋਕਾਂ ਨੂੰ ਵਾਪਸ ਲਿਆਉਣ ਲਈ ਵਿਸ਼ੇਸ਼ ਉਪਰਾਲੇ ਲਗਾਤਾਰ ਜਾਰੀ ਹਨ।

ਇਸ ਬਾਰੇ ਸਹਾਇਕ ਕਮਿਸ਼ਨਰ (ਜਨਰਲ) ਜਸਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਮੌਕੇ ਕੋਰੋਨਾ ਤੋਂ ਬਚਾਅ ਸਬੰਧੀ ਸਾਰੀਆਂ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਈ ਗਈ ਅਤੇ ਯਾਤਰੀਆਂ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਗਈ।

ਇਸ ਮੌਕੇ ਐਸ.ਪੀ. (ਜਾਂਚ) ਹਰਪਾਲ ਸਿੰਘ, ਡੀ.ਐਸ.ਪੀ. (ਜਾਂਚ) ਜਸਵਿੰਦਰ ਸਿੰਘ ਟਿਵਾਣਾ, ਡੀ.ਐਸ.ਪੀ. ਫ਼ਤਹਿਗੜ੍ਹ ਸਾਹਿਬ ਰਮਿੰਦਰ ਸਿੰਘ ਕਾਹਲੋਂ ਤੇ ਨਾਇਬ ਤਹਿਸੀਲਦਾਰ ਅਰਜੁਨ ਗਰੇਵਾਲ ਵੀ ਮੌਜੂਦ ਸਨ।

ਕੈਪਸ਼ਨ: ਤਾਮਿਲਨਾਡੂ ਤੋਂ ਸਰਹਿੰਦ ਰੇਲਵੇ ਸਟੇਸ਼ਨ ਪੁੱਜੇ ਯਾਤਰੀ ।